Punjab Government Gazette

EXTRAORDINARY

Published by Authority

CHANDIGARH, FRIDAY, DECEMBER 19, 2025 (AGRAHAYANA 28, 1947 SAKA)

ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ ਪੰਜਾਬ, ਚੰਡੀਗੜ੍ਹ

(ਮਿਉਂਸਪਲ ਚੋਣਾਂ ਸ਼ਾਖਾ)

ਅਧਿਸੂਚਨਾ

ਮਿਤੀ 18 ਦਸੰਬਰ, 2025

ਨੰਬਰ:04/78/ਹਲਕਾਬੰਦੀ(ਸ-1)/ਮਚਸ਼/2025/214.-ਅਧਿਸੂਚਨਾ ਨੰ: 04/78/ਹਲਕਾਬੰਦੀ(ਸ-1)ਮਚਸ਼/2025/166 ਮਿਤੀ: 17-11-2025 ਦੀ ਨਿਰੰਤਰਤਾ ਵਿੱਚ ਪੰਜਾਬ ਮਿਉਂਸਪਲ ਐਕਟ, 1911 (ਪੰਜਾਬ ਐਕਟ 3 ਆਫ 1911) ਦੀ ਧਾਰਾ 240 (1)(ਬੀ) ਅਤੇ ਡਿਲੀਮੀਟੇਸ਼ਨ ਆਫ ਵਾਰਡਜ ਆਫ ਮਿਉਂਸਪੈਲਟੀਜ ਰੂਲਜ, 1972 ਦੇ ਰੂਲ 9 ਅਧੀਨ ਅਤੇ ਇਸ ਸਬੰਧ ਵਿਚ ਦੂਸਰੇ ਸਮੂਹ ਅਖਤਿਆਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪਰਸੰਨਤਾ ਪੂਰਵਕ ਨਗਰ ਕੌਂਸਲ, ਤਪਾ ਨੂੰ ਵਾਰਡਾਂ ਵਿੱਚ ਵੰਡਣ ਅਤੇ ਅਜਿਹੇ ਹਰ ਇਕ ਵਾਰਡ ਵਿਚੋਂ ਚੁਣੇ ਜਾਣ ਲਈ ਨੁਮਾਇੰਦਿਆਂ ਦੀ ਗਿਣਤੀ ਨਿਸਚਿਤ ਕਰਨ ਲਈ ਹੇਠ ਲਿਖੇ ਨਿਯਮ ਬਣਾਉਂਦੇ ਹਨ:-

<u>ਨਿਯਮ</u>

ਨਗਰ ਕੌਂਸਲ ਤਪਾ, ਜਿਲ੍ਹਾ ਬਰਨਾਲਾ ਦੇ ਨਗਰ ਪਾਲਾ ਦੀ ਚੋਣ ਦੇ ਮਕਸਦ ਲਈ ਨਗਰ ਕੌਂਸਲ ਤਪਾ ਨੂੰ 15 ਵਾਰਡਾਂ ਵਿਚ ਵੰਡਿਆ ਜਾਵੇਗਾ ਜਿਨ੍ਹਾਂ ਪਿੱਛੇ 11 ਵਾਰਡ, ਜਿਨ੍ਹਾਂ ਦੇ ਪਿੱਛੇ ਬਰੈਕਟਾਂ ਅਤੇ ਸਬਦਾਂ ਵਿਚ:-

1. ਅਨੁਸੂਚਿਤ ਜਾਤੀਆ ਦੇ ਮੈਂਬਰਾ ਲਈ ਰਾਖਵਾਂ:
2. ਇਸਤਰੀ ਮੈਂਬਰਾਂ ਲਈ ਰਾਖਵਾਂ:
3. ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾ ਲਈ ਰਾਖਵਾਂ ਅਤੇ
4. ਪੱਛੜੀ ਸ਼੍ਰੇਣੀਆਂ ਦੇ ਮੈਂਬਰਾ ਲਈ ਰਾਖਵਾ,

ਲਿਖਿਆ ਹੋਵੇਗਾ ਕਿ ਉਹ ਵਾਰਡ ਉਨ੍ਹਾਂ ਕੈਟਾਗਰੀਆਂ ਨਾਲ ਸਬੰਧਤ ਮੈਂਬਰਾਂ ਲਈ ਰਾਖਵੇ ਹੋਣਗੇ। ਵਾਰਡਾਂ ਦੀਆਂ ਹੱਦਾਂ ਦਾ ਵਰਨਣ ਨਾਲ ਲਗਾਈ ਅਨੁਸੂਚੀ ਵਿਚ ਕੀਤਾ ਜਾਂਦਾ ਹੈ।

<u>ਨਗਰ ਕੌਂਸਲ ਤਪਾ (ਜਿਲ੍ਹਾ ਬਰਨਾਲਾ) ਦੇ ਵਾਰਡਾਂ ਦੀਆਂ ਹੱਦਾਂ ਦਾ ਵਰਣਨ ਦੱਸਦੀ ਅਨੁਸੂਚੀ</u>

<u>ਵਾਰਡ ਨੰਬਰ : 01 (ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾ ਲਈ ਰਾਖਵਾਂ)</u>

ਦਰਾਜ ਰੋਡ ਅਤੇ ਨਗਰ ਕੌਂਸਲ ਦੀ ਉੱਤਰੀ ਹੱਦ ਦੇ ਮਿਲਣ ਤੇ ਸਥਾਨ ਤੋਂ ਆਰੰਭ ਕਰਕੇ ਨਗਰ ਕੌਂਸਲ ਦੀ ਉੱਤਰੀ ਹੱਦ ਨਾਲ ਚੱਲਦੇ ਹੋਏ ਬੀਰੇ ਪ੍ਰਧਾਨ ਦੇ ਘਰ ਵਾਲਾ ਕੱਚਾ ਰਸਤਾ ਤੀਕ, ਫਿਰ ਉਕਤ ਕੱਚੇ ਰਸਤੇ ਨਾਲ ਚੱਲਦੇ ਹੋਏ ਰਸਤਾ ਗੁੱਦੜਸਾਹ

ਡੇਰਾ ਤੀਕ, ਫਿਰ ਉਕਤ ਰਸਤੇ ਨਾਲ ਚੱਲਦੇ ਹੋਏ ਗਲੀ ਗੁਰਦੁਆਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰੇਲਵੇ ਪਲੇਟੀ ਵਾਲੀ ਗਲੀ ਤੀਕ (ਸਾਹਮਣੇ ਰੇਲਵੇ ਲਾਈਨ), ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਦਰਾਜ ਫਾਟਕ ਪਾਰ ਕਰਦੇ ਹੋਏ ਗਲੀ ਹਨੂੰਮਾਨ ਮੰਦਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਦਰਾਜ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਦਰਾਜ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ : 02 (ਅਨੁਸੂਚਿਤ ਜਾਤੀਆਂ ਦੇ ਮੈਂਬਰਾ ਲਈ ਰਾਖਵਾਂ)

ਨਗਰ ਕੌਂਸਲ ਦੀ ਉੱਤਰੀ ਹੱਦ (ਡਰੇਨ) ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਬੀਰੇ ਪ੍ਰਧਾਨ ਨਾਲ ਚੱਲਦੇ ਹੋਏ ਰਸਤਾ ਗੁੱਦੜਸਾਹ ਡੇਰਾ ਤੀਕ, ਫਿਰ ਉਕਤ ਰਸਤੇ ਨਾਲ ਚੱਲਦੇ ਹੋਏ ਗਲੀ ਗੁਰਦੁਆਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਰੇਲਵੇ ਪਲੇਟੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਢਿੱਲਵਾ (ਢਿੱਲਵਾ ਰੋਡ) ਫਾਟਕ ਤੀਕ, ਫਿਰ ਉਕਤ ਢਿੱਲਵਾ (ਢਿੱਲਵਾ ਰੋਡ) ਨਾਲ ਚੱਲਦੇ ਹੋਏ ਗਲੀ ਮਾਤਾ ਨੈਣਾ ਦੇਵੀ ਮੰਦਰ ਕਲੋਨੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੂਰਯਾ ਸਿਟੀ ਦੀ ਆਊਟਰ ਬਾਊਡਰੀ ਦੇ ਨਾਲ-ਨਾਲ ਘੁੰਮਦੇ ਹੋਏ ਸਿਵਲ ਹਸਪਤਾਲ ਅਤੇ ਐਸ.ਐਸ.ਐਨ ਪਬਲਿਕ ਸਕੂਲ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੈਸ ਏਜੰਸੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਢਿੱਲਵਾ ਰੋਡ ਤੀਕ, ਫਿਰ ਉਕਤ ਰੋਡ ਦੇ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ (ਡਰੇਨ) ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਗਲੀ ਬੀਰੇ ਪ੍ਰਧਾਨ ਵਾਲੀ (ਡਰੇਨ) ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ : 03 (ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾ ਲਈ ਰਾਖਵਾਂ)

ਨਗਰ ਕੌਂਸਲ ਦੀ ਉੱਤਰੀ ਹੱਦ ਅਤੇ ਢਿੱਲਵਾ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਕੌਂਸਲ ਦੀ ਉੱਤਰੀ ਹੱਦ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰ-ਪੂਰਬ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਬਰਨਾਲਾ ਰੇਲਵੇ ਲਾਈਨ ਤੀਕ, ਫਿਰ ਉਕਤ ਬਰਨਾਲਾ ਰੇਲਵੇ ਲਾਈਨ ਨਾਲ ਚੱਲਦੇ ਹੋਏ ਗਲੀ ਸਰਕਾਰੀ ਪ੍ਰਾਈਮਰੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਾਰਕੰਡੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੱਪੀ ਟੇਲਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਗਲੀ ਪਿਆਰਾ ਲਾਲ ਬਸਤੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਅਸੋਕ ਸੋਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡਕੋਤਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਢਿੱਲਵਾ ਰੋਡ ਤੀਕ, ਫਿਰ ਰੋਡ ਨਾਲ ਚੱਲਦੇ ਹੋਏ ਗਲੀ ਸਿਵਲ ਹਸਪਤਾਲ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੂਰਯਾ ਸਿਟੀ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੂਰਯਾ ਸਿਟੀ ਦਾ ਬਾਊਡਰੀ ਨਾਲ ਘੁੰਮਦੇ ਹੋਏ (ਸੂਰਯਾ ਸਿਟੀ ਦਾ ਏਰੀਆ ਲੈਂਦੇ ਹੋਏ) ਵਾਪਸ ਸਿਵਲ ਹਸਪਤਾਲ ਅਤੇ ਐਸ.ਐਸ.ਐਨ. ਪਬਲਿਕ ਸਕੂਲ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗੈਸ ਏਜੰਸੀ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਢਿੱਲਵਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਤੀਕ, ਅਰਥਾਤ ਜਿੱਥੋ ਆਰੰਭ ਕੀਤਾ ਸੀ।

ਵਾਰਡ ਨੰਬਰ : 04

ਢਿੱਲਵਾ ਰੋਡ (ਢਿੱਲਵਾ ਫਾਟਕ) ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਢਿੱਲਵਾ ਰੋਡ ਨਾਲ ਚੱਲਦੇ ਹੋਏ ਗਲੀ ਡਕੋਂਤਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਅਸ਼ੋਕ ਸੋਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਿਆਰਾ ਲਾਲ ਬਸਤੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੱਪੀ ਟੇਲਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਾਰਕੰਡੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਰਕਾਰੀ ਪ੍ਰਾਇਮਰੀ ਸਕੂਲ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਜੇਠੂਕੇ ਰੋਡ ਰੇਲਵੇ ਲਾਈਨ ਤੀਕ, ਫਿਰ ਉਕਤ ਰੇਲਵੇ ਲਾਈਨ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੂਰਬੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਕੱਸੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਭੀਮ ਸੇਨ ਮਾਸਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਾਧੂ ਸੀ.ਆਈ.ਡੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਨਾਲ ਗਲੀ ਸੇਰਾ ਧੋਬੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਢਿੱਲਵਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਵਾਲਮਿਕ ਚੌਕ ਤੀਕ, ਫਿਰ ਉਕਤ ਚੌਕ ਤੋਂ ਬਾਗ ਕਲੋਨੀ ਗਲੀ ਨੰਬਰ: 2 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸੋਨੂੰ ਭੱਠੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਗ ਕਲੋਨੀ ਗਲੀ ਨੰਬਰ: 1 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ

ਢਿੱਲਵਾ ਰੋਡ (ਢਿੱਲਵਾ ਫਾਟਕ) ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਡਕੋਂਤਾ ਵਾਲੀ ਤੀਕ, ਅਰਥਾਤ ਜਿੱਥੋ ਆਰੰਭ ਕੀਤਾ ਸੀ।

ਵਾਰਡ ਨੰਬਰ: 05 (ਇਸਤਰੀ ਮੈਂਬਰਾਂ ਲਈ ਰਾਖਵਾਂ)

ਢਿੱਲਵਾ ਰੋਡ (ਢਿੱਲਵਾ ਫਾਟਕ) ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਢਿੱਲਵਾ ਰੋਡ ਨਾਲ ਚੱਲਦੇ ਹੋਏ ਬਾਗ ਕਲੋਨੀ ਗਲੀ ਨੰਬਰ: 1 ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸੋਨੂੰ ਭੱਠੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਗ ਕਲੋਨੀ ਗਲੀ ਨੰਬਰ: 2 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਵਾਲਮੀਕ ਚੌਂਕ ਤੋਂ ਸਦਰ ਬਜਾਰ ਤੀਕ, ਫਿਰ ਉਕਤ ਸਦਰ ਬਜ਼ਾਰ ਨਾਲ ਚੱਲਦੇ ਹੋਏ ਸਾਹਮਣੇ ਗਲੀ ਨੰਬਰ: 7 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸੁਰੇਸ਼ ਪੱਖੋਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਨੰਬਰ: 6 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਕੂਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਨੰਬਰ: 1 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਦਰਸ਼ਨ ਗੁਲਾਟੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਰੂਪ ਚੰਦ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਸੁਭਾਸ਼ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਰੇਲਵੇ ਕੁਆਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਰੇਲਵੇ ਕੁਆਟਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰੋਹਿਤ ਟੈਲੀਕੋਮ ਤੋਂ ਦਰਾਜ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਰੇਲਵੇ ਲਾਈਨ ਤੀਕ, ਫਿਰ ਉਕਤ ਰੇਲਵੇ ਲਾਈਨ ਨਾਲ ਚੱਲਦੇ ਹੋਏ ਢਿੱਲਵਾ ਰੋਡ (ਢਿੱਲਵਾ ਫਾਟਕ) ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਬਾਗ ਕਲੋਨੀ ਤੀਕ, ਅਰਥਾਤ ਜਿੱਥੋ ਆਰੰਭ ਕੀਤਾ ਸੀ।

ਵਾਰਡ ਨੰਬਰ: 06

ਸਦਰ ਬਜ਼ਾਰ ਰੋਡ (ਬਾਲਮੀਕ ਚੌਕ) ਅਤੇ ਢਿੱਲਵਾ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਢਿੱਲਵਾ ਰੋਡ ਨਾਲ ਚੱਲਦੇ ਹੋਏ ਸਾਹਮਣੇ ਸੇਰਾ ਧੋਬੀ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡਾਕਟਰ ਟਿੰਕਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਕੱਸੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਵਿਜੈ ਸਟੂਡਿਊ ਵਾਲੀ ਗਲੀ ਨੰਬਰ 03 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਪੁਰਾਣੀ ਗਊਸ਼ਾਲਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਘੁੰਨਸ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਊਸਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਅੰਮ੍ਰਿਤਲਾਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤਰਲੋਚਣ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੂਕਿਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਟੈਲੀਫੋਨ ਐਕਸਚੇਜ਼ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗੀਤਾ ਭਵਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਕੂਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਨੰਬਰ : 06 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸੁਰੇਸ਼ ਪੱਖੋਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਨੰਬਰ: 07 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਦਰ ਬਜਾਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਦਰ ਬਜ਼ਾਰ ਰੋਡ (ਬਾਲਮੀਕ ਚੌਕ) ਅਤੇ ਢਿੱਲਵਾ ਰੋਡ ਤੀਕ, ਅਰਥਾਤ ਜਿੱਥੋ ਆਰੰਭ ਕੀਤਾ ਸੀ।

ਵਾਰਡ ਨੰਬਰ: 07 (ਇਸਤਰੀ ਮੈਂਬਰਾਂ ਲਈ ਰਾਖਵਾਂ)

ਸਕੂਲ ਰੋਡ ਅਤੇ ਗਲੀ ਨੰਬਰ: 4 (ਪੁਰਾਣੀ ਅਨਾਜ ਮੰਡੀ) ਦੇ ਸਥਾਨ ਤੋ ਆਰੰਭ ਕਰਦੇ ਹੋਏ ਅਤੇ ਅਗਰਵਾਲ ਧਰਮਸ਼ਾਲਾ ਵਾਲੀ ਗਲੀ ਨਾਲ ਚਲਦੇ ਹੋਏ ਗੀਤਾ ਭਵਨ ਵਾਲੀ ਗਲੀ ਤੀਕ ; ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਬਾਬਾ ਮੱਠ ਰੋਡ ਪਾਰ ਕਰਦੇ ਹੋਏ ਖੱਟਰ ਪੱਤੀ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪਾਰਕ ਵਾਲੀ ਗਲੀ (ਖੱਟਰ ਪੱਤੀ) ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪਾਰਕ ਵਾਲੀ ਗਲੀ ਨੂੰ ਪਾਰ ਕਰਦੇ ਹੋਏ ਕੁਲਵੰਤ ਚੱਕੀ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰੂਪ ਚੰਦ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਡਾਕਟਰ ਨਰੇਸ਼ ਹਸਪਤਾਲ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਰੇਲਵੇ ਗਲੀ (ਸਾਹਮਣੇ ਰੇਲਵੇ ਕੁਆਟਰ) ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲਿੰਕ ਗਲੀ ਸੁਭਾਸ਼ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸੁਭਾਸ਼ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰੂਪ ਚੰਦ ਰੋਡ ਤੀਕ; ਫਿਰ ਉਕਤ ਰੋਡ ਨਾਲ ਚੱਲਦੇ ਹੋਏ ਲਿੰਕ ਗਲੀ ਲੱਕੀ ਗੁਪਤਾ ਵਾਲੀ ਤੀਕ; ਫਿਰ ਉਕਤ ਲਿੰਕ ਗਲੀ ਨਾਲ ਚੱਲਦੇ ਹੋਏ ਗਲੀ ਦਰਸਨ ਗੁਲਾਟੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰਬਰ: 1 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਕੂਲ ਰੋਡ ਤੀਕ, ਫਿਰ ਉਕਤ ਸਕੂਲ ਰੋਡ ਨਾਲ ਚੱਲਦੇ ਹੋਏ ਗਲੀ ਨੰ: 4 (ਪੁਰਾਣੀ ਅਨਾਜ ਮੰਡੀ) ਤੀਕ; ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 08

ਗਲੀ ਖੱਟਰ ਪੱਤੀ ਅਤੇ ਗਲੀ ਕੁਲਵੰਤ ਆਟਾ ਚੱਕੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਬਾਬਾ ਮੱਠ ਰੋਡ ਪਾਰ ਕਰਦੇ ਹੋਏ ਗਲੀ ਗੀਤਾ ਭਵਨ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਟੈਲੀਫੋਨ ਐਕਸਚੇਂਜ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੁੱਕਿਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਿੰਟਾ ਸਬਜੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਘੁਮਿਆਰਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਬਾ ਮੱਠ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਪੰਮੀ ਘੁੰਨਸ ਵਾਲੀ ਗਲੀ ਤੀਕ,ਫਿਰ ਉਕਤ ਗਲੀ ਨਾਲ ਚੱਲਦੇ ਹੋਏ ਟਿਊਬਵੈਲ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਘੁੜੈਲੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਡਿਸਪੋਜਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਰਘਬੀਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਲਬੀਰ ਸਿੱਧੂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਰੂਪ ਚੰਦ ਰੋਡ ਨੂੰ ਪਾਰ ਕਰਦੇ ਹੋਏ ਗਲੀ ਪਾਰਕ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਖੂਹ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਖੱਟਰ ਪੱਤੀ ਅਤੇ ਗਲੀ ਕੁਲਵੰਤ ਆਟਾ ਚੱਕੀ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 09 (ਇਸਤਰੀ ਮੈਂਬਰਾਂ ਲਈ ਰਾਖਵਾਂ)

ਬਾਬਾ ਮੱਠ ਰੋਡ ਅਤੇ ਮਾਨਸਾ-ਮੋਗਾ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਰੋਡ ਨਾਲ ਚੱਲਦੇ ਹੋਏ ਟੀਟੂ ਐਮ.ਸੀ ਦੀ ਦੁਕਾਨ ਤੋਂ ਗੁੱਗਾ ਮਾੜੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਟੋਬੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਆਵਾ ਬਸਤੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਪੀਰਖਾਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਚੱਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਘੁੜੈਲੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਟਿਊਬਵੈਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਰਾਜੀਵ ਗਰਗ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤੇਲੀਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਪੁਰਾਣਾ ਬਜਾਰ ਵਾਲੀ ਤੀਕ; ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੰਜੂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਵਿਜੈ ਵਿੱਦਿਆਧਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਬਾ ਮੱਠ ਰੋਡ ਅਤੇ ਮਾਨਸਾ-ਮੋਗਾ ਰੋਡ ਤੀਕ; ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 10

ਗਲੀ ਅੰਮ੍ਰਿਤ ਲਾਲ ਅਤੇ ਗਊਸ਼ਾਲਾ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਰੋਡ ਨਾਲ ਚੱਲਦੇ ਹੋਏ ਘੁਨੰਸ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਜੀਤ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਲਾਡੀ ਵਾਲੀ ਤੀਕ,ਫਿਰ ਉਕਤ ਗਲੀ ਕੁਲਵੀਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਹਰੀ ਚੰਦ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਾਂਤੀ ਹਾਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਮਾਨਸਾ ਮੋਗਾ ਰੋਡ ਨੂੰ ਪਾਰ ਕਰਦੇ ਹੋਏ ਬਾਬਾ ਮੱਠ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਵਿੱਦਿਆਂਧਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੁੰਜੂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੁਰਾਣਾ ਬਜਾਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤੇਲੀਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੰਮੀ ਘੁੰਨਸ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਬਾ ਮੱਠ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਘੁਮਿਆਰਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪਿੰਟਾ ਸਬਜੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੁੱਕਿਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤਰਲੋਚਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਅੰਮ੍ਰਿਤ ਲਾਲ ਅਤੇ ਗਊਸਾਲਾ ਰੋਡ ਤੀਕ, ਅਰਥਾਤ ਜਿੱਥੋ ਆਰੰਭ ਕੀਤਾ ਸੀ।

ਵਾਰਡ ਨੰਬਰ: 11 (ਇਸਤਰੀ ਮੈਂਬਰਾਂ ਲਈ ਰਾਖਵਾਂ)

ਕੱਸੀ ਰੋਡ ਅਤੇ ਨਗਰ ਕੌਂਸਲ ਦੀ ਪੂਰਬੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਕੌਂਸਲ ਦੀ ਪੂਰਬੀ ਹੱਦ ਨਾਲ ਚੱਲਦੇ ਹੋਏ ਬਠਿੰਡਾ-ਬਰਨਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਰਾਧਾ ਸੁਆਮੀ ਸਤਸੰਗ ਭਵਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਮੰਦਰ ਮਾਤਾ ਦਾਤੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਨੇਕ ਐਮ.ਸੀ

ਵਾਲੀ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਗਲੀ ਹਰਚੰਦ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੁਲਵੀਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਲਾਡੀ ਵਾਲੀ ਤੀਕ; ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਜੀਤ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਘੁਨੰਸ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਪੁਰਾਣੀ ਗਊਸ਼ਾਲਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਵਿਜੈ ਸਟੂਡੀਓ (ਗਲੀ ਨੰ: 3) ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਕੱਸੀ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡਾਕਟਰ ਟਿੰਕਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਾਧੂ ਸੀ.ਆਈ.ਡੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਾਸਟਰ ਭੀਮ ਸੈਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਕੱਸੀ ਰੋਡ ਅਤੇ ਨਗਰ ਕੌਂਸਲ ਦੀ ਪੂਰਬੀ ਹੱਦ ਤੀਕ, ਅਰਥਾਤ ਜਿੱਥੋ ਆਰੰਭ ਕੀਤਾ ਸੀ।

ਵਾਰਡ ਨੰਬਰ: 12 (ਅਨੁਸੂਚਿਤ ਜਾਤੀਆਂ ਦੇ ਮੈਬਰਾਂ ਲਈ ਰਾਖਵਾਂ)

ਮਾਨਸਾ-ਮੋਗਾ ਰੋਡ ਅਤੇ ਗਲੀ ਸਾਂਤੀ ਹਾਲ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਸਾਂਤੀ ਹਾਲ ਵਾਲੀ ਦੇ ਨਾਲ ਚੱਲਦੇ ਹੋਏ ਗਲੀ ਨੇਕ ਐਮ.ਸੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਮੰਦਰ ਮਾਤਾ ਦਾਤੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਬਾਜੀਗਰ ਬਸਤੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਗੁਰਚਰਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੋਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਾਵਰ ਗਰਿੱਡ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਠਿੰਡਾ-ਬਰਨਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਗਲੀ ਗੁਰਮੀਤ ਮਿਸਤਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਟੀਟੂ ਐਮ.ਸੀ ਦੀ ਦੁਕਾਨ ਤੋਂ ਸਾਹਮਣੇ ਨਾਮਦੇਵ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਮਾਨਸਾ-ਮੋਗਾ ਰੋਡ ਤੀਕ; ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਸਾਂਤੀ ਹਾਲ ਵਾਲੀ ਅਤੇ ਗਲੀ ਹਰਚੰਦ ਵਾਲੀ ਤੀਕ, ਅਰਥਾਤ ਜਿੱਥੇ ਆਰੰਭ ਕੀਤਾ ਸੀ।

ਵਾਰਡ ਨੰਬਰ: 13 (ਅਨੁਸੂਚਿਤ ਜਾਤੀਆਂ ਦੇ ਮੈਬਰਾਂ ਲਈ ਰਾਖਵਾਂ)

ਮੰਦਰ ਮਾਤਾ ਦਾਤੀ ਰੋਡ ਅਤੇ ਗਲੀ ਰਾਧਾ ਸੁਆਮੀ ਸਤਿਸੰਗ ਭਵਨ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਗਲੀ ਨਾਲ ਚੱਲਦੇ ਹੋਏ ਬਠਿੰਡਾ-ਬਰਨਾਲਾ ਰੋਡ ਤੀਕ; ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੂਰਬੀ ਹੱਦ ਤੀਕ; ਫਿਰ ਉਕਤ ਹੱਦ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਦੱਖਣੀ ਹੱਦ (ਢਿੱਲੋਂ ਬਸਤੀ ਰੋਡ, ਤਾਜੋ ਰੋਡ ਅਤੇ ਗਲੀ ਬਲਵੰਤ ਲੰਬੜਦਾਰ ਵਾਲੀ ਨੂੰ ਪਾਰ ਕਰਕੇ) ਘੁੜੈਲੀ ਰੋਡ ਤੀਕ; ਫਿਰ ਉਕਤ ਰੋਡ ਨਾਲ ਚੱਲਦੇ ਹੋਏ ਬਠਿੰਡਾ-ਬਰਨਾਲਾ ਰੋਡ ਤੀਕ; ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਪਾਵਰ ਗਰਿੱਡ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬੇਅੰਤ ਡੀ.ਜੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੋਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਗੁਰਚਰਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਾਜੀਗਰ ਬਸਤੀ ਤੀਕ, ਫਿਰ ਉਕਤ ਨਾਲ ਚੱਲਦੇ ਹੋਏ ਮੰਦਰ ਮਾਤਾ ਦਾਤੀ ਰੋਡ ਅਤੇ ਗਲੀ ਰਾਧਾ ਸੁਆਮੀ ਸਤਿਸੰਗ ਭਵਨ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 14 (ਪੱਛੜੀਆਂ ਸ਼੍ਰੇਣੀਆਂ ਦੇ ਮੈਬਰਾਂ ਲਈ ਰਾਖਵਾਂ)

ਖੱਤਰੀਆਂ ਵਾਲੀ ਰੋਡ ਅਤੇ ਘੁੜੈਲੀ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਚੱਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪੀਰਖਾਨਾ ਰੋਡ ਤੀਕ; ਫਿਰ ਉਕਤ ਰੋਡ ਨਾਲ ਚੱਲਦੇ ਹੋਏ ਆਵਾ ਬਸਤੀ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਟੋਭੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗੁੱਗਾ ਮਾੜੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਗੁਰਮੀਤ ਮਿਸਤਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਠਿੰਡਾ-ਬਰਨਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਘੁੜੈਲੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ ਤੀਕ; ਫਿਰ ਉਕਤ ਹੱਦ ਨਾਲ ਚੱਲਦੇ ਹੋਏ ਖੱਤਰੀਆਂ ਵਾਲੀ ਰੋਡ ਅਤੇ ਘੁੜੈਲੀ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਵਾਰਡ ਨੰਬਰ: 15 (ਇਸਤਰੀ ਮੈਬਰਾਂ ਲਈ ਰਾਖਵਾਂ)

ਦਰਾਜ ਰੋਡ ਅਤੇ ਗਲੀ ਗੁਰਪ੍ਰੀਤ ਪੱਤਰਕਾਰ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਗੁਰਪ੍ਰੀਤ ਪੱਤਰਕਾਰ ਨਾਲ ਚੱਲਦੇ ਹੋਏ ਸਾਹਮਣੇ ਗਲੀ ਹਨੂੰਮਾਨ ਮੰਦਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰੇਲਵੇ ਲਾਈਨ ਤੀਕ, ਫਿਰ ਉਕਤ

ਰੇਲਵੇ ਲਾਈਨ ਨਾਲ ਚੱਲਦੇ ਹੋਏ ਦਰਾਜ ਫਾਟਕ ਨੂੰ ਪਾਰ ਕਰਦੇ ਹੋਏ ਦਰਾਜ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਰੋਹਿਤ ਟੈਲੀਕੋਮ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਡਾਕਟਰ ਨਰੇਸ਼ ਹਸਪਤਾਲ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰੂਪ ਚੰਦ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਦਰਸ਼ਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸ਼੍ਰੀ ਬਲਬੀਰ ਸਿੰਘ ਸਿੱਧੂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਰਘਬੀਰ ਮਹੰਤ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਡਿਸਪੋਜਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਘੁੜੈਲੀ ਰੋਡ (ਐਸ.ਡੀ.ਐਮ ਦਫਤਰ) ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਖੱਤਰੀਆਂ ਵਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ ਤੀਕ; ਫਿਰ ਉਕਤ ਹੱਦ ਨਾਲ ਚੱਲਦੇ ਹੋਏ ਬਠਿੰਡਾ ਰੇਲਵੇ ਲਾਈਨ ਪਾਰ ਕਰਦੇ ਹੋਏ ਦਰਾਜ ਰੋਡ ਅਤੇ ਗਲੀ ਗੁਰਪ੍ਰੀਤ ਪੱਤਰਕਾਰ ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਸਹੀ/-

ਮਨਜੀਤ ਸਿੰਘ ਬਰਾੜ, ਆਈ.ਏ.ਐਸ,

ਸਕੱਤਰ, ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ

3587/12-2025/Pb. Govt. Press, S.A.S. Nagar